# Maharaja Ranjit Singh Punjab Technical University
## Dabwali Road,Bathinda.

(Established by Govt. of Punjab vide Punjab Act No. 5 of 2015 and approved Under Section 2(f) & 12(B) of UGC)


Ref. No. MRSPTU/Estate/24-25/____________ Dated____________

**ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਕੈਫੇਟੇਰੀਆ ਇਨ ਸਟੂਡੈਂਟ ਸੈਂਟਰ (ਫਸਟ ਫਲੋਰ ਅਤੇ ਗਰਾਊਡ ਫਲੋਰ) ਲਈ ਬੋਲੀ ਬਾਰੇ ਜ਼ਰੂਰੀ ਸ਼ਰਤਾਂ (ਬੋਲੀ ਮਿਤੀ 21-01-2025 ਦਿਨ ਮੰਗਲਵਾਰ)।**

1. ਹਰ ਬੋਲੀਕਾਰ ਮੌਕੇ ਤੇ ਬੋਲੀ ਦੇਣ ਤੋ ਪਹਿਲਾਂ ਰਕਮ 1,00,000/- ਰੁ: ਬਤੌਰ ਜ਼ਮਾਨਤੀ ਰਕਮ ਵਜੋ਼ ਜ਼ਮ੍ਹਾਂ ਕਰਵਾਏਗਾ ਅਤੇ ਇਹ ਜ਼ਮਾਨਤੀ ਰਕਮ ਰਜਿਸਟਰਾਰ, ਐਮ.ਆਰ.ਐਸ.ਪੀ.ਟੀ.ਯੂ, ਬਠਿੰਡਾ ਦੇ ਨਾਮ ਤੇ ਡੀ.ਡੀ ਰਾਹੀਂ ਲਈ ਜਾਵੇਗੀ। ਪਹਿਲੇ ਅਤੇ ਦੂਜੇ ਨੰਬਰ ਦੀ ਬੋਲੀ ਵਾਲੇ ਨੂੰ ਛੱਡ ਕੇ ਬਾਕੀਆਂ ਨੂੰ ਜਮਾਨਤੀ ਰਕਮ ਵਾਪਸ ਕਰ ਦਿੱਤੀ ਜਾਵੇਗੀ। ਦੂਸਰੇ ਨੰਬਰ ਦੇ ਬੋਲੀਕਾਰ ਨੂੰ ਜਮਾਨਤੀ ਰਕਮ ਪਹਿਲੇ ਬੋਲੀਕਾਰ ਵੱਲੋ ਕੈਫੇਟੇਰੀਆ ਦਾ ਚਾਰਜ ਸੰਭਾਲਣ ਉਪਰੰਤ ਵਾਪਿਸ ਕਰ ਦਿੱਤੀ ਜਾਵੇਗੀ। ਸਭ ਤੋ ਵੱਧ ਬੋਲੀ ਦੇਣ ਵਾਲੇ ਨੂੰ ਸਮੱਰਥ ਅਧਿਕਾਰੀ ਦੀ ਪ੍ਰਵਾਨਗੀ ਲੈਣ ਉਪਰੰਤ ਕੈਫੇਟੇਰੀਆ ਅਲਾਟ ਕਰ ਦਿੱਤਾ ਜਾਵੇਗਾ। ਸਰਕਾਰੀ ਬੋਲੀ ਰੁਪਏ 10,000/- ਪ੍ਰਤੀ ਮਹੀਨਾ ਪ੍ਰਤੀ ਕੈਫੇਟੇਰੀਆ ਨਿਸਚਿਤ ਕੀਤੀ ਗਈ ਹੈ। ਬੋਲੀ ਦੌਰਾਨ ਬੋਲੀਕਾਰ ਤੋ ਇਲਾਵਾ ਹੋਰ ਕੋਈ ਵੀ ਵਿਅਕਤੀ ਦੇ ਸਾਮਿਲ ਹੋਣ ਦੀ ਮਨਾਹੀ ਹੋਵੇਗੀ।
2. ਬੋਲੀਕਾਰ ਕੋਲ ਕੈਫੇਟੇਰੀਆ/ ਕੰਟੀਨ/ ਮੈਸ/ ਹੋਟਲ ਆਦਿ ਚਲਾਉਣ ਦਾ ਘੱਟੋ-ਘੱਟ 03 ਸਾਲ ਦਾ ਤਜਰਬਾ ਹੋਣਾ ਲਾਜ਼ਮੀ ਹੈ।
3. ਕੈਫੇਟੇਰੀਆ ਲੈਣ ਲਈ ਅਲਾਟੀ/ ਪਾਰਟਨਰ ਕੋਲ ਫੂਡ ਸਰਟੀਫਿਕੇਟ (FSSAI) ਹੋਣਾ ਜਰੂਰੀ ਹੈ।
4. ਕੈਫੇਟੇਰੀਆ ਵਿੱਚ ਕੈਫੇਟੇਰੀਆ ਦੇ ਕੰਮ-ਕਾਜੀ ਵਰਕਰਾਂ ਤੋਂ ਬਿਨ੍ਹਾਂ ਕੋਈ ਬਾਹਰਲਾ ਵਿਅਕਤੀ ਨਹੀਂ ਰੁੱਕ ਸਕੇਗਾ।
5. ਕੈਫੇਟੇਰੀਆ ਵਿੱਚ ਸਟਾਫ ਅਤੇ ਵਿਦਿਆਰਥੀਆਂ ਦੇ ਬੈਠਣ ਲਈ ਅਲੱਗ ਜਗ੍ਹਾ ਨਿਸ਼ਚਿਤ ਕਰਨੀ ਹੋਵੇਗੀ।
6. ਕੈਫੇਟੇਰੀਆ ਵਿੱਚ ਕਿਸੇ ਵੀ ਤਰ੍ਹਾ ਦੀ ਚਾਈਲਡ ਲੇਬਰ ਰੱਖਣ/ ਵਰਤੋਂ ਕਰਨ ਤੇ ਪੂਰਨ ਤੌਰ ਤੇ ਮਨਾਹੀ ਹੋਵੇਗੀ।
7. ਬੋਲੀਕਾਰ ਵੱਲੋ ਕੈਫੇਟੇਰੀਆ ਲਈ ਫਰਨੀਚਰ ਆਦਿ ਦਾ ਪ੍ਰਬੰਧ ਖੁੱਦ ਕਰਨਾ ਹੋਵੇਗਾ।
8. ਸਫਲ ਬੋਲੀਕਾਰ ਨੂੰ ਕੈਫੇਟੇਰੀਆ ਦੀ ਤਿੰਨ ਮਹੀਨੇ ਦੇ ਬਰਾਬਰ ਦੀ ਲਾਇਸੰਸ ਫੀਸ ਜਾਂ 50000/- ਰੁਪੈ: ਜੋ ਵੀ ਵੱਧ ਹੋਵੇ, ਬਤੌਰ ਸਕਿਊਰਟੀ ਬੋਲੀ ਤੋ ਸੱਤ ਦਿਨਾਂ ਦੇ ਅੰਦਰ ਅੰਦਰ ਜਮ੍ਹਾਂ ਕਰਵਾਉਣੀ ਪਵੇਗੀ।
9. ਦੁਕਾਨ ਦੇ ਕਿਰਾਏ ਅਤੇ ਲਾਇਸੰਸੀ ਫੀਸ ਤੇ 18% ਜੀ.ਐਸ.ਟੀ (or as applicable) ਅਲੱਗ ਤੋਂ ਚਾਰਜ ਕੀਤਾ ਜਾਵੇਗਾ।
10. ਇਹ ਬੋਲੀ ਕੈਫੇਟੇਰੀਆ ਤੇ ਦੋ ਸਾਲ ਤੱਕ ਲਾਗੂ ਰਹੇਗੀ, ਜੇਕਰ ਪ੍ਰਬੰਧਕ ਕੈਫੇਟੇਰੀਆ ਚਲਾਉਣ ਦੀ ਕਾਰਗੁਜਾਰੀ ਤੋ ਪ੍ਰਭਾਵਿਤ ਹੋਵੇ ਤਾਂ ਲਾਇਸੰਸ ਫੀਸ਼ ਤੇ ਸਕਿਊਰਟੀ ਹਰ ਸਾਲ ਲਈ (ਦੂਸਰੇ, ਤੀਸਰੇ ਅਤੇ ਚੋਥੇ ਸਾਲ) 15 ਪ੍ਰਤੀਸ਼ਤ ਵਧਾ ਕੇ ਲਈ ਜਾਵੇਗੀ। ਜੇਕਰ ਕੈਫੇਟੇਰੀਆ ਦਾ ਠੇਕਾ ਦੋ ਸਾਲ ਤੋਂ ਪਹਿਲਾਂ ਛੱਡਿਆ ਜਾਂਦਾ ਹੈ ਤਾਂ ਆਪ ਦੀ ਸਕਿਊਰਟੀ ਜਬਤ ਕਰ ਲਈ ਜਾਵੇਗੀ। ਦੋ ਸਾਲ ਦੀ ਮਿਆਦ ਪੂਰੀ ਹੋਣ ਉਪਰੰਤ ਲਾਇਸੰਸੀ ਦੀ ਮਿਆਦ ਵਿਚ ਵਾਧਾ ਇੱਕ-ਇੱਕ ਸਾਲ ਲਈ ਦੋ ਵਾਰ ਰਜਿਸਟਰਾਰ ਜੀ ਵੱਲੋਂ ਹੀ ਕੀਤਾ ਜਾਵੇਗਾ, ਪ੍ਰੰਤੂ ਲਾਇਸੰਸ ਫੀਸ਼ ਤੇ ਸਕਿਊਰਟੀ ਮੌਜੂਦਾ ਰੇਟ ਦਾ 15 ਪ੍ਰਤੀਸ਼ਤ ਵਧਾ ਕੇ ਲਿਆ ਜਾਵੇਗਾ। ਕਿਸੇ ਵੀ ਹਾਲਤ ਵਿਚ ਕੈਫੇਟੇਰੀਆ ਚਾਰ ਸਾਲ ਤੋ ਵੱਧ ਸਮੇ ਲਈ ਨਹੀ ਦਿੱਤਾ ਜਾਵੇਗਾ।

11. ਬਿਜਲੀ ਦਾ ਮੀਟਰ ਲਾਇਸੰਸੀ ਪੀ.ਐਸ.ਪੀ.ਸੀ.ਐਲ ਤੋਂ ਖ਼ੁੱਦ ਲਵਾਏਗਾ ਅਤੇ ਬਿਜਲੀ ਬਿੱਲ ਲਾਇਸੰਸੀ ਪੀ.ਐਸ.ਪੀ.ਸੀ.ਐਲ ਵਿੱਚ ਖ਼ੁੱਦ ਅਦਾ ਕਰੇਗਾ ਅਤੇ ਇਸਦੀ ਰਸੀਦ ਦੀ ਕਾਪੀ ਅਸਟੇਟ ਵਿਭਾਗ ਵਿੱਚ ਜਮ੍ਹਾਂ ਕਰਵਾਏਗਾ। ਠੇਕੇ ਦਾ ਸਮਾਂ ਖਤਮ ਹੋਣ ਉਪਰੰਤ ਲਾਇਸੰਸੀ ਬਿਜਲੀ ਦਾ ਕੁਨੈਕਸ਼ਨ ਕਟਵਾ ਕੇ (device removal certificate) ਰਸੀਦ ਅਸਟੇਟ ਵਿਭਾਗ ਵਿੱਚ ਜਮ੍ਹਾਂ ਕਰਵਾਏਗਾ।

ਜੇਕਰ ਲਾਇਸੰਸੀ ਤੋਂ ਪੀ.ਐਸ.ਪੀ.ਸੀ.ਐਲੇ ਤੋਂ ਮੀਟਰ ਲਗਵਾਉਣ ਦਾ ਪ੍ਰਬੰਧ ਢੁੱਕਵੇਂ ਸਮੇਂ ਅੰਦਰ ਨਹੀਂ ਹੁੰਦਾ ਤਾਂ ਲਾਇਸੰਸੀ ਖ਼ੁੱਦ ਮਾਰਕਿਟ ਵਿੱਚੋਂ ਆਪਣਾ ਮੀਟਰ ਖਰੀਦ ਕੇ ਅਸਟੇਟ ਵਿਭਾਗ ਤੋਂ ਆਰਜ਼ੀ ਬਿਜਲੀ ਦਾ ਕੁਨੈਕਸ਼ਨ ਲੈ ਕੇ ਵਿਭਾਗ ਦੀ ਨਿਗਰਾਨੀ ਹੇਠ ਮੀਟਰ ਚੈਕ ਕਰਵਾ ਕੇ ਲਗਵਾਏਗਾ ਅਤੇ ਇਸਦੀ ਸਕਿਉਰਟੀ ਵਜੋਂ ਰੁਪਏ 10,000/- (ਮੋੜਨਯੋਗ) ਯੂਨੀਵਰਸਿਟੀ ਲੇਖਾ ਸ਼ਾਖਾ ਵਿੱਚ ਜਮ੍ਹਾਂ ਕਰਵਾ ਕੇ ਇਸਦੀ ਰਸੀਦ ਦੀ ਕਾਪੀ ਅਸਟੇਟ ਵਿਭਾਗ ਵਿੱਚ ਜਮ੍ਹਾਂ ਕਰਵਾਏਗਾ।

12. ਲਾਇਸੰਸੀ ਵੱਲੋ ਬੋਲੀ ਤੋ ਇਕ ਹਫਤੇ ਦੇ ਅੰਦਰ ਅੰਦਰ ਰੁ: 100/- ਦੇ ਅਸਟਾਮ ਤੇ ਲਾਇਸੰਸੀ ਫੀਸ ਅਤੇ ਹੋਰ ਸ਼ਰਤਾਂ ਬਾਰੇ ਇਸ ਦਫਤਰ ਨਾਲ ਇਕਰਾਰਨਾਮਾ ਕਰਨਾ ਹੋਵੇਗਾ, ਜਿਸ ਦਾ ਖਰਚਾ ਲਾਇਸੰਸੀ ਦਾ ਹੋਵੇਗਾ।

13. ਲਾਇਸੰਸੀ ਕੈਫੇਟੇਰੀਆ ਦੇ ਫਿਕਚਰ ਆਦਿ ਵਿੱਚ ਕਿਸੇ ਕਿਸਮ ਦੀ ਅਦਲਾ ਬਦਲੀ ਕਰਨ ਦਾ ਹੱਕਦਾਰ ਨਹੀ ਹੋਵੇਗਾ। ਜੇਕਰ ਜ਼ਰੂਰਤ ਅਨੁਸਾਰ ਅਦਲਾ-ਬਦਲੀ ਕਰਨ ਦੀ ਲੋੜ ਹੁੰਦੀ ਹੈ ਤਾਂ ਅਸਟੇਟ ਵਿਭਾਗ ਦੀ ਮੰਨਜ਼ੂਰੀ ਉਪਰੰਤ ਕੀਤੀ ਜਾ ਸਕੇਗੀ।

14. ਰਜਿਸਟਰਾਰ/ਸਮੱਰਥ ਅਧਿਕਾਰੀ/ਅਸਟੇਟ ਵਿਭਾਗ ਦੇ ਨਾਮਜਦ ਅਧਿਕਾਰੀਆਂ ਨੂੰ ਕੈਫੇਟੇਰੀਆ ਵਿਚ ਦਾਖਲ ਹੋ ਕੇ ਨਿਰੀਖਣ (ਸਾਫ-ਸਫਾਈ, ਕੁਆਲਿਟੀ, ਕੁਆਨਟਿਟੀ ਆਦਿ) ਕਰਨ ਦਾ ਪੂਰਾ ਪੂਰਾ ਹੱਕ ਹੋਵੇਗਾ ਅਤੇ ਨਿਰੀਖਣ ਰਿਪੋਰਟ ਸਮੱਰਥ ਅਧਿਕਾਰੀ ਨੂੰ 3 ਦਿਨਾਂ ਦੇ ਅੰਦਰ-ਅੰਦਰ ਸੌਂਪੀ ਜਾਵੇਗੀ। ਇਸ ਤੋ ਬਿਨਾਂ ਲਾਇਸੰਸੀ ਵੱਲੋਂ ਨਿਰਧਾਰਿਤ ਸ਼ਰਤਾਂ ਦੀ ਉਲੰਘਣਾ ਕਰਨ ਦੀ ਸੂਰਤ ਵਿਚ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੂੰ ਕੈਫੇਟੇਰੀਆ ਦੀ ਅਲਾਟਮੈਂਟ ਕੈਂਸਲ ਕਰਕੇ ਖਾਲ੍ਹੀ ਕਰਵਾਉਣ ਦਾ ਪੂਰਾ ਅਧਿਕਾਰ ਹੋਵੇਗਾ।

15. ਲਾਇਸੰਸੀ ਵੱਲੋ ਹਰ ਮਹੀਨੇ ਦੀ 10 ਤਾਰੀਖ ਤੱਕ ਅਡਵਾਂਸ ਲਾਇਸੰਸੀ ਫੀਸ ਯੂਨੀਵਰਸਿਟੀ ਲੇਖਾ ਸ਼ਾਖਾ ਵਿਚ ਜਮ੍ਹਾਂ ਕਰਵਾਉਣੀ ਹੋਵੇਗੀ। ਇਸ ਤੋ ਬਾਅਦ 50/- ਰੁਪਏ ਪ੍ਰਤੀ ਦਿਨ ਜੁਰਮਾਨਾ ਵਸੂਲ ਕੀਤਾ ਜਾਵੇਗਾ। ਜੇਕਰ ਦੋ ਮਹੀਨੇ ਤੱਕ ਲਾਈਸੰਸੀ ਜੁਰਮਾਨੇ ਸਮੇਤ ਲਾਇਸੰਸੀ ਫੀਸ ਨਹੀ ਭਰਦਾ ਤਾਂ ਕੈਫੇਟੇਰੀਆ ਦੀ ਅਲਾਟਮੈਂਟ ਕੈਂਸਲ ਕਰਕੇ ਸਮਾਨ ਸਮੇਤ ਸਕਿਉਰਟੀ ਜਬਤ ਕਰ ਲਈ ਜਾਵੇਗੀ।

16. ਸਫਲ ਬੋਲੀਦਾਤਾ ਬੋਲੀ ਦੀ ਮਿਤੀ ਤੋਂ 20 ਦਿਨਾਂ ਦੇ ਅੰਦਰ ਅੰਦਰ ਕੈਫੇਟੇਰੀਆ ਲਾਜਮੀ ਚਾਲੂ ਕਰੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿਚ ਕੋਈ ਯਾਦ ਪੱਤਰ ਨਹੀ ਦਿੱਤਾ ਜਾਵੇਗਾ ਅਤੇ ਸਕਿਉਰਟੀ ਜਬਤ ਕਰ ਲਈ ਜਾਵੇਗੀ ਅਤੇ ਦੋ ਨੰਬਰ ਦੇ ਬੋਲੀਕਾਰ ਨੂੰ ਕੈਫੇਟੇਰੀਆ ਚਾਲੂ ਕਰਨ ਦਾ ਮੌਕਾ ਦੇ ਦਿੱਤਾ ਜਾਵੇਗਾ।

17. ਜੇਕਰ ਬਿਨਾ ਸੂਚਨਾ ਦੇ ਇੱਕ ਹਫਤੇ ਤੋ ਵੱਧ ਸਮਾਂ ਕੈਫੇਟੇਰੀਆ ਬੰਦ ਰੱਖਿਆ ਜਾਂਦਾ ਹੈ ਤਾਂ ਕੈਫੇਟੇਰੀਆ ਦੀ ਅਲਾਟਮੈਟ ਕੈਂਸਲ ਕਰਕੇ ਸਮਾਨ ਸਮੇਤ ਸਕਿਉਰਟੀ ਜਬਤ ਕਰ ਲਈ ਜਾਵੇਗੀ ਅਤੇ ਪਹਿਲੇ ਬੋਲੀ ਕਾਰ ਨੂੰ ਬਲੈਕ ਲਿਸਟ ਕਰਦਿਆ ਅੱਗੇ ਤੋ ਬੋਲੀ ਵਿੱਚ ਭਾਗ ਲੈਣ ਦੀ ਮਨਾਹੀ ਹੋਵੇਗੀ।

18. ਕੈਫੇਟੇਰੀਆ ਦੇ ਕਿਸੇ ਕਿਸਮ ਦੇ ਝਗੜੇ ਸਬੰਧੀ ਰਜਿਸਟਰਾਰ/ ਮਾਣਯੋਗ ਉਪ-ਕੁਲਪਤੀ ਜੀ ਦਾ ਫੈਸਲਾ ਸਹੀ ਅਤੇ ਆਖਰੀ ਮੰਨਿਆ ਜਾਵੇਗਾ।

19. ਕੈਫੇਟੇਰੀਆ ਜਿਸ ਮੰਤਵ ਲਈ ਦਿੱਤਾ ਜਾਵੇਗਾ, ਉਸੇ ਮੰਤਵ ਲਈ ਹੀ ਵਰਤਿਆ ਜਾਵੇਗਾ ਅਤੇ ਕਿਸੇ ਵੀ ਹਾਲਤ ਵਿਚ ਅੱਗੇ ਸਬਲੈਟ ਨਹੀ਼ ਕੀਤਾ ਜਾਵੇਗਾ, ਪਰੰਤੂ ਜੇਕਰ ਬੋਲੀਕਾਰ ਦੀ ਕੋਈ ਪਾਰਟਨਰਸ਼ਿਪ ਡੀਡ ਹੋਵੇਗੀ, ਤਾਂ ਉਸਦੀ ਕਾਪੀ ਨੋਟਰੀ ਅਟੈਸਟਿਡ ਕਰਵਾਕੇ ਅਸਟੇਟ ਵਿਭਾਗ ਵਿੱਚ

ਜਮ੍ਹਾਂ ਕਰਵਾਉਣੀ ਲਾਜ਼ਮੀ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਕੈਫੇਟੇਰੀਆ ਖਾਲੀ ਕਰਕੇ ਸਮਾਨ ਸਮੇਤ ਸਕਿਊਰਟੀ ਜਬਤ ਕਰ ਲਈ ਜਾਵੇਗੀ।

20. ਰਜਿਸਟਰਾਰ ਨੂੰ ਬਿਨਾਂ ਕਿਸੇ ਕਾਰਨ ਦੱਸੇ ਬੋਲੀ ਪ੍ਰਵਾਨ/ਅਪ੍ਰਵਾਨ ਕਰਨ ਦਾ ਹੱਕ ਰਾਖਵਾ ਹੋਵੇਗਾ।

21. ਰਜਿਸਟਰਾਰ ਵੱਲੋ ਕੈਫੇਟੇਰੀਆ ਖਾਲ਼ੀ ਕਰਵਾਉਣ ਲਈ ਦਿੱਤੇ ਨੋਟਿਸ ਅਨੁਸਾਰ ਜਾਂ ਇਸ ਦੇ ਸਮੇ ਦੀ ਮਿਆਦ ਖਤਮ ਹੋਣ ਉਪਰੰਤ ਅਗਰ ਲਾਇਸੰਸੀ ਕੈਫੇਟੇਰੀਆ ਖਾਲ਼ੀ ਨਹੀ਼ ਕਰਦਾ ਤਾਂ ਉਸ ਤੋ ਲਾਇਸੰਸੀ ਫੀਸ ਦੀ 20 ਗੁਣਾ ਰਕਮ ਭਰਵਾਈ ਜਾਵੇਗੀ ਅਤੇ ਬਣਦੀ ਯੋਗ ਕਾਰਵਾਈ ਕੀਤੀ ਜਾਵੇਗੀ।

22 ਸਫਲ ਬੋਲੀਦਾਤਾ ਕੈਫੇਟੇਰੀਆ ਤੇ ਬੈਠਣ ਵਾਲੇ ਵਿਅਕਤੀ ਜਿਵੇ ਕਿ ਸੇਲਜ ਮੈਨ ਅਤੇ ਨੌਕਰ ਆਦਿ ਦਾ ਪੂਰਾ ਵੇਰਵਾ ਫੋਟੋ ਸਮੇਤ ਅਸਟੇਟ ਦਫਤਰ ਨੂੰ ਪੇਸ਼ ਕਰੇਗਾ।

23 ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋ ਲਾਇਸੰਸ ਫੀਸ਼ ਅਤੇ ਸਮਾਨ ਵੇਚਣ ਬਾਰੇ ਲਿਆ ਗਿਆ ਫੈਸਲਾ ਲਾਇਸੰਸੀ ਤੇ ਅੰਤਮ ਤੌਰ ਤੇ ਲਾਗੂ ਹੋਵੇਗਾ।

24 ਵਿਦਿਆਰਥੀਆਂ ਨੂੰ ਕਾਊਂਟਰ ਤੇ ਬੈਠਣ ਦੀ ਆਗਿਆ ਨਹੀ ਹੋਵੇਗੀ ਅਤੇ ਇਸ ਦੀ ਉਲੰਘਣਾ ਹੋਣ ਦੀ ਸੂਰਤ ਵਿਚ ਲਾਇਸੰਸੀ ਖੁਦ ਜ਼ਿੰਮੇਵਾਰ ਹੋਵੇਗਾ। ਅਜਿਹੀ ਸ਼ਿਕਾਇਤ ਦੀ ਸੂਰਤ ਵਿਚ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋ ਕੀਤੀ ਗਈ ਕਾਰਵਾਈ/ਫੈਸਲਾ ਲਾਇਸੰਸੀ ਤੇ ਲਾਗੂ ਹੋਵੇਗਾ।

25 ਵਿਦਿਆਰਥੀਆਂ, ਵਰਕਰਾਂ ਅਤੇ ਸਟਾਫ ਨਾਲ ਲੈਣ ਦੇਣ ਦੇ ਜਾਂ ਉਧਾਰ ਆਦਿ ਦੇ ਕਿਸੇ ਵੀ ਮਾਮਲੇ ਵਿਚ ਸੰਸਥਾ ਦੀ ਕੋਈ ਜ਼ਿੰਮੇਵਾਰੀ ਨਹੀ ਹੋਵੇਗੀ।

26 ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿੱਚ ਸਕਿਊਰਟੀ ਦੀ ਜੋ ਰਕਮ ਜਮ੍ਹਾਂ ਕਰਵਾਈ ਜਾਵੇਗੀ, ਉਸ ਉਪਰ ਕੋਈ ਵਿਆਜ ਨਹੀ ਦਿੱਤਾ ਜਾਵੇਗਾ।

27 ਲਾਇਸੰਸੀ ਜੇਕਰ ਕਿਸੇ ਸਮੇ ਵੀ ਕਿਸੇ ਕਿਸਮ ਦਾ ਨਸ਼ਾ ਕਰਦਾ ਹੈ ਜਾਂ ਨਸ਼ਾ ਵੇਚਦਾ ਹੈ ਜਾਂ ਨਸ਼ਾ ਕਰਨ ਲਈ ਪ੍ਰੇਰਿਤ ਕਰਦਾ ਹੈ ਤਾਂ ਉਸ ਦੀ ਕੈਫੇਟੇਰੀਆ ਦੀ ਅਲਾਟਮੈਂਟ ਤੁਰੰਤ ਰੱਦ ਕਰ ਦਿੱਤੀ ਜਾਵੇਗੀ।

28 ਇਹ ਜ਼ਰੂਰੀ ਹੈ ਕਿ ਲਾਇਸੰਸੀ ਦਾ ਵਿਵਹਾਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਦੇ ਪ੍ਰਤੀ ਚੰਗਾ ਹੋਵੇ ਅਤੇ ਗਲਤ ਵਿਵਹਾਰ ਬਾਰੇ ਸ਼ਿਕਾਇਤ ਦੀ ਸੂਰਤ ਵਿਚ ਰਜਿਸਟਰਾਰ ਕੋਲ ਅਧਿਕਾਰ ਹੋਵੇਗਾ ਕਿ ਉਹ ਤੁਰੰਤ ਉਸ ਦੇ ਕੈਫੇਟੇਰੀਆ ਦੀ ਅਲਾਟਮੈਂਟ ਰੱਦ ਕਰਕੇ ਖਾਲ਼ੀ ਕਰਵਾ ਸਕਦਾ ਹੈ।

29. ਕੈਫੇਟੇਰੀਆ ਵਿੱਚ ਮੌਜੂਦ ਫਰਨੀਚਰ, ਮਸ਼ੀਨਾਂ ਆਦਿ ਨੂੰ ਕੈਂਪਸ ਤੋਂ ਬਾਹਰ ਲਿਜਾਣ ਤੋਂ ਪਹਿਲਾਂ ਸਬੰਧਿਤ ਵਿਭਾਗ ਨੂੰ ਜਾਣਕਾਰੀ ਦੇਣੀ ਜਰੂਰੀ ਹੋਵੇਗੀ।

30. ਲਾਇਸੰਸੀ ਆਪਣੇ ਚਾਲ-ਚੱਲਣ ਸੰਬਧੀ ਸਰਪੰਚ ਜਾਂ ਮਿਉਸਪਲ ਕੌਂਸਲਰ (ਐਮ.ਸੀ.) ਤੋ ਤਸਦੀਕ ਕਰਵਾ ਕੇ ਇਹ ਸਰਟੀਫੀਕੇਟ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੂੰ ਕੈਫੇਟੇਰੀਆ ਲੈਣ ਤੋ ਤੁਰੰਤ ਬਾਅਦ ਪੇਸ਼ ਕਰੇਗਾ।

31. ਲਾਇਸੰਸੀ ਵੱਲੋ ਕੈਫੇਟੇਰੀਆ ਉਪਰ ਸਾਮਾਨ ਮਾਰਕਿਟ/ ਐਮ.ਆਰ.ਪੀ ਰੇਟਾਂ ਤੋਂ ਜਿਆਦਾ ਰੇਟ ਤੇ ਨਹੀਂ ਵੇਚਿਆ ਜਾਵੇਗਾ ਅਤੇ ਵੇਚੇ ਜਾਣ ਵਾਲੇ ਸਾਮਾਨ ਦੇ ਰੇਟਾਂ ਦੀ ਲਿਸਟ (ਸਮੇਤ ਮਿਕਦਾਰ) ਕੈਫੇਟੇਰੀਆ ਦੇ ਬਾਹਰ ਪ੍ਰਕਾਸ਼ਿਤ ਕਰਨੀ ਅਤੇ ਇੱਕ ਸਾਈਨਡ ਕਾਪੀ ਅਸਟੇਟ ਵਿਭਾਗ ਵਿੱਚ ਜਮ੍ਹਾਂ ਕਰਵਾਉਣੀ ਲਾਜਮੀ ਹੋਵੇਗੀ। ਜੇਕਰ ਲਾਇਸੰਸੀ ਮਾਰਕਿਟ ਰੇਟਾਂ ਤੋਂ ਜਿਆਦਾ ਰੇਟ ਤੇ ਸਾਮਾਨ ਵੇਚਦਾ ਪਾਇਆ ਜਾਂਦਾ ਹੈ ਤਾਂ ਪਹਿਲੀ ਵਾਰ

10,000/- ਰੁਪਏ ਜੁਰਮਾਨਾ ਅਤੇ ਜੇਕਰ ਦੁਬਾਰਾ ਵੱਧ ਰੇਟਾਂ ਤੇ ਸਮਾਨ ਵੇਚਦਾ ਪਾਇਆ ਜਾਂਦਾ ਹੈ ਤਾਂ ਕੈਫੇਟੇਰੀਆ ਦੀ ਅਲਾਟਮੈਂਟ ਕੈਂਸਲ ਕਰ ਦਿੱਤੀ ਜਾਵੇਗੀ।

32. ਕੈਫੇਟੇਰੀਆ ਦੇ ਕਿਸੇ ਵੀ ਜਾਨੀ-ਮਾਲੀ ਨੁਕਸਾਨ ਦੀ ਯੂਨੀਵਰਸਿਟੀ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

33. ਲਾਇਸੰਸੀ ਵੱਲੋ ਕੋਵਿਡ-19/ਕੁਦਰਤੀ ਆਫਤ/ਯੂਨੀਵਰਸਿਟੀ ਜਾਂ ਪੰਜਾਬ ਜਾਂ ਕੇਂਦਰ ਸਰਕਾਰ ਵੱਲੋ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇਗੀ।

34. ਲਾਇਸੰਸੀ ਵੱਲੋ ਆਪਣੇ ਕੈਫੇਟੇਰੀਆ ਅਤੇ ਇਸਦਾ ਆਲਾ-ਦੁਆਲਾ ਸਾਫ ਰੱਖਿਆ ਜਾਵੇਗਾ ਅਤੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਜੁਰਮਾਨਾ ਲਗਾਇਆ ਜਾਵੇਗਾ।

35. ਕੈਫੇਟੇਰੀਆ ਵਿੱਚ ਸਿੰਗਲ ਯੂਜ ਪਲਾਸਟਿਕ/ ਪਾਲੀਥੀਨ ਵਰਤਣ ਦੀ ਪੂਰਨ ਤੌਰ ਤੇ ਮਨਾਹੀ ਹੋਵੇਗੀ।

ਉਪਰੋਕਤ ਸਾਰੀਆਂ ਸ਼ਰਤਾਂ ਦੀ ਇੰਨ ਬਿਨ ਪਾਲਣਾ ਨਾ ਕਰਨ ਦੀ ਸੂਰਤ ਵਿਚ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਅਧਿਕਾਰੀਆਂ ਵੱਲੋ ਕੀਤੀ ਕਾਰਵਾਈ ਅਤੇ ਫੈਸਲਾ ਲਾਇਸੰਸੀ ਤੇ ਤੁਰੰਤ ਲਾਗੂ ਹੋਵੇਗਾ।

| | | |
|---|---|---|
| ਪ੍ਰੋਫੈਸਰ ਇੰਚਾਰਜ (ਅਸਟੇਟ) | ਐਸ.ਡੀ.ਈ (ਸਿਵਲ) | ਜੇ.ਈ (ਸਿਵਲ) |